**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਡਾਕਟਰ ਨਰੇਸ਼ਪਾਲ ਸਿੰਘ ਸੈਣੀ, (94173-84692)
ਪ੍ਰੋਫੈਸਰ, ਡਿਪਾਰਟਮੈਂਟ ਆਫ ਫਿਜ਼ਿਕਸ,
ਗੁਰੂ ਨਾਨਕ ਦੇਵ ਯੂਨੀਵਰਸਿਟੀ,
ਅੰਮ੍ਰਿਤਸਰ। --------ਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ,
ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ-ਕਮ-ਵਾਈਸ ਚਾਂਸਲਰ,
ਗੁਰੂ ਨਾਨਕ ਦੇਵ ਯੂਨੀਵਰਸਟੀ,ਅੰਮ੍ਰਿਤਸਰ। --------ਉੱਤਰਦਾਤਾ

**ਅਪੀਲ ਕੇਸ ਨੰ: 1887/2019**

**ਹਾਜ਼ਰ:-** 1) ਡਾਕਟਰ ਨਰੇਸ਼ਪਾਲ ਸਿੰਘ ਸੈਣੀ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮਨਜੀਤ ਸਿੰਘ, ਸਹਾਇਕ ਰਜਿਸਟਰਾਰ (94170-32936)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 06-11-2018, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ 01-04-2017 ਤੋਂ 31-08-2017 ਤੱਕ ਦੇ ਸਮੇਂ ਨਾਲ ਸਬੰਧਤ ਸੀ.ਏ.ਐਸ ਅਧੀਨ ਰਿਜੈਕਸ਼ਨ ਬਾਰੇ ਅਧਿਆਪਕਾਂ ਕੇ ਕੇਸਾਂ ਨੂੰ ਮੁੜ ਵਿਚਾਰਨ ਲਈ ਸ਼੍ਰੀ ਅਨੁਰਾਗ ਵਰਮਾ, ਆਈ.ਏ.ਐਸ., ਵਾਈਸ ਚਾਂਸਲਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵੱਲੋਂ ਸਥਾਪਿਤ ਕੀਤੀ ਗਈ ਕਮੇਟੀ ਦੀ ਕਾਰਵਾਈ ਅਤੇ ਫੈਸਲੇ ਨਾਲ ਸਬੰਧਤ 08 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 21-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 12-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮਨਜੀਤ ਸਿੰਘ, ਸਹਾਇਕ ਰਜਿਸਟਰਾਰ ਨੇ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਰਿਕਾਰਡ ਉਨ੍ਹਾਂ ਕੋਲ ਮੌਜੂਦ ਨਹੀਂ ਹੈ ਜਿਸ ਕਰਕੇ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:646/ਆਰ.ਟੀ.ਆਈ., ਮਿਤੀ 08-08-2019, ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਹੈ, ਰਾਹੀਂ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਹੈ।

3. ਅਪੀਲਕਰਤਾ ਨੇ ਆਪਣਾ ਲਿਖਤੀ ਬਿਆਨ, ਮਿਤੀ 13-08-2019 ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ।ਇਸ ਬਿਆਨ ਰਾਹੀਂ ਅਪੀਲਕਰਤਾ ਨੇ ਕਿਹਾ ਕਿ ਉਸ ਵੱਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਰਿਕਾਰਡ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਕੋਲ ਮੌਜੂਦ ਹੈ ਪਰੰਤੂ ਉਨ੍ਹਾਂ ਵੱਲੋ ਜਾਣ-ਬੁੱਝ ਕੇ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਰਹੀ।ਅਪੀਲਕਰਤਾ ਨੇ ਕਿਹਾ ਕਿ ਇਸ ਮਾਮਲੇ ਸਬੰਧੀ ਵੱਖ-ਵੱਖ ਸਮੇਂ ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੀ ਟੀਚਰ ਯੂਨੀਅਨ ਦੀ ਕਾਰਜਕਾਰੀ ਕਮੇਟੀ ਕਈ ਉੱਚ ਅਧਿਕਾਰੀਆਂ, ਜਿਵੇਂ ਕਿ ਸ਼੍ਰੀ ਅਨੁਰਾਗ ਵਰਮਾ, ਆਈ.ਏ.ਐਸ., ਪ੍ਰੋਫੈਸਰ ਸੁਬੋਧ ਕੁਮਾਰ (ਕੈਮਿਸਟਰੀ ਵਿਭਾਗ), ਡੀਨ ਅਕਾਦਮਿਕ, ਪ੍ਰੋਫਸਰ ਨਰਪਿੰਦਰ, ਡਾਇਰੈਕਟਰ ਰਿਸਚਰਚ ਅਤੇ ਪ੍ਰੋਫੈਸਰ ਕਰਨਜੀਤ ਸਿੰਘ ਕਾਹਲੋਂ, ਰਜਿਸਟਰਾਰ ਵਾਧੂ ਚਾਰਜ ਅਤੇ ਸ਼੍ਰੀ ਐਸ.ਕੇ. ਸੰਧੂ, ਵਾਈਸ ਚਾਂਸਲਰ ਨੂੰ ਮਿਲੀ ਸੀ ਅਤੇ ਸਬੰਧਤ ਅਧਿਕਾਰੀਆਂ ਵੱਲੋਂ ਇਸ ਕੇਸ ਨਾਲ ਸਬੰਧਤ ਰਿਕਾਰਰਡ ਦੇ ਅਧਾਰ ਤੇ ਉਨ੍ਹਾਂ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ਸੀ। ਉਸ ਵੱਲੋਂ ਕਿਹਾ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 1887/2019

ਗਿਆ ਕਿ ਸਬੰਧਤ ਮਿਸਲ 31-07-2017 ਤੱਕ ਰਜਿਸਟਰਾਰ ਦੇ ਦਫ਼ਤਰ ਵਿਖੇ ਮੌਜੂਦ ਸੀ ਅਤੇ ਸ਼੍ਰੀ ਐਸ.ਕੇ. ਸੰਧੂ, ਵਾਈਸ ਚਾਂਸਲਰ ਦੇ ਹਟ ਜਾਣ ਬਾਅਦ ਮਿਸਲ ਖੁਰਦ-ਬੁਰਦ ਕਰ ਦਿੱਤੀ ਗਈ। ਇਸ ਤਰ੍ਹਾ ਅਪੀਲਕਰਤਾ ਨੇ ਮਾਮਲੇ ਦੀ ਪੜਤਾਲ ਕਰਾਉਣ ਲਈ ਬੇਨਤੀ ਕੀਤੀ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ। ਜੇਕਰ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਉਨ੍ਹਾਂ ਦੇ ਰਿਕਾਰਡ ਵਿੱਚ ਮੌਜੂਦ ਨਾ ਹੋਵੇ ਤਾਂ ਉਸ ਬਾਰੇ ਨੋਟਰੀ ਪਬਲਿਕ ਕੋਲੋਂ ਤਸਦੀਕ-ਸ਼ੁਦਾ ਹਲਫੀਆ-ਬਿਆਨ ਰਾਹੀਂ ਆਪਣਾ ਜਵਾਬ ਪੇਸ਼ ਕੀਤਾ ਜਾਵੇ ਅਤੇ ਹਲਫੀਆ-ਬਿਆਨ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਭੇਜੀ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 04-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 13 **ਅਗਸਤ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰੇਮ ਕੁਮਾਰ ਰਤਨ, (98722-20039)
ਮਕਾਨ ਨੰ 78/8, ਪਾਰਕ ਰੋਡ, ਨਿਊ ਮੰਡੀ ਧੂਰੀ,
ਜ਼ਿਲ੍ਹਾ ਸੰਗਰੂਰ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ। -------ਉੱਤਰਦਾਤਾ

**ਅਪੀਲ ਕੇਸ ਨੰ:1902/2019**

**ਹਾਜ਼ਰ:-** 1) ਸ਼੍ਰੀ ਪ੍ਰੇਮ ਕੁਮਾਰ ਰਤਨ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 29-01-2019, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਸੰਗਰੂਰ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੇ ਪਿਤਾ, ਸਵਰਗਵਾਸੀ ਸ਼੍ਰੀ ਅਯੁੱਦਿਆ ਪ੍ਰਸ਼ਾਦ ਜਿਹੜੇ ਕਿ ਅਗ੍ਰੇਰੀਅਨ ਸ਼ਾਖਾ ਸੰਗਰੂਰ ਤੋਂ ਮਿਤੀ 31-05-1992 ਨੂੰ ਬਤੌਰ ਪਟਵਾਰੀ ਸੇਵਾ ਮੁਕਤ ਹੋਏ ਸਨ, ਦੀ ਸੇਵਾ-ਪੱਤਰੀ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਉਸ ਨੂੰ ਮੰਗੀ ਗਈ ਸੂਚਨਾ ਲੇਟ ਦੇਣ ਕਾਰਨ ਉਸ ਨੇ ਸੂਚਨਾ ਲਈ ਜਮ੍ਹਾਂ ਕਰਵਾਈ ਗਈ ਫੀਸ 62/-ਰੁਪਏ (ਕੇਵਲ ਬਾਹਠ ਰੁਪਏ) ਰਿਫੰਡ ਕਰਾਉਣ ਲਈ ਮਿਤੀ 05-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 22-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 12-09-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਪਹਿਲੀ ਅਪੀਲੀ ਅਥਾਰਟੀ ਵੱਲੋਂ ਉਸ ਦੀ ਅਪੀਲ ਤੇ ਲਏ ਗਏ ਫੈਸਲੇ ਬਾਰੇ ਅਜੇ ਤੱਕ ਉਸ ਨੂੰ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ।

3. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:873/ਆਰ.ਟੀ.ਆਈ., ਮਿਤੀ 01-08-2019 ਰਾਹੀਂ ਕਮਿਸ਼ਨ ਨੂੰ ਵਿਸਥਾਰ-ਪੂਰਵਕ ਜਵਾਬ ਭੇਜਦੇ ਹੋਏ ਦੱਸਿਆ ਗਿਆ ਹੈ ਕਿ ਅਪੀਲਕਰਤਾ ਨੂੰ ਸੂਚਨਾ ਦਿੱਤੀ ਜਾ ਚੁੱਕੀ ਹੈ ਅਤੇ ਪਹਿਲੀ ਅਪੀਲੀ ਅਥਾਰਟੀ ਵੱਲੋਂ ਅਪੀਲਕਰਤਾ ਦੀ ਅਪੀਲ ਮਿਤੀ 04-07-2019 ਨੂੰ ਰੱਦ ਕੀਤੀ ਜਾ ਚੁੱਕੀ ਹੈ। ਇਸ ਲਈ ਉਨ੍ਹਾਂ ਵੱਲੋਂ ਇਹ ਕੇਸ ਦਾਖਲ ਦਫ਼ਤਰ ਕਰਨ ਲਈ ਬੇਨਤੀ ਕੀਤੀ ਗਈ ਹੈ।

4. ਅਪੀਲਕਰਤਾ ਵੱਲੋਂ ਆਪਣੀ ਦੂਜੀ ਅਪੀਲ ਨਾਲ ਭੇਜੇ ਗਏ ਦਸਤਾਵੇਜਾਂ ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਆਰ.ਟੀ.ਆਈ. ਅਰਜ਼ੀ, ਮਿਤੀ 29-01-2019 ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਸੰਗਰੂਰ, ਨੂੰ ਆਰ.ਟੀ.ਆਈ. ਅਰਜ਼ੀ ਪੇਸ਼ ਕੀਤੀ ਗਈ ਸੀ ਜ਼ੋ ਕਿ ਸਬੰਧਤ ਦਫ਼ਤਰ ਨੂੰ ਮਿਤੀ 06-02-2019 ਨੂੰ ਪ੍ਰਾਪਤ ਹੋਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਪੱਤਰ ਨੰ:202/ਆਰ.ਟੀ.ਆਈ., ਮਿਤੀ 11-02-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਲਈ ਬਣਦੀ ਫੀਸ ਫੀਸ 62/-ਰੁਪਏ (ਕੇਵਲ ਬਾਹਠ ਰੁਪਏ) ਜਮ੍ਹਾਂ ਕਰਾਉਣ ਲਈ ਲਿਖਿਆ ਗਿਆ ਸੀ। ਅਪੀਲਕਰਤਾ ਵੱਲੋਂ ਮਿਤੀ 06-03-2019 ਨੂੰ ਬਣਦੀ ਫੀਸ ਨਕਦ ਜਮ੍ਹਾਂ ਕਰਵਾ ਦਿੱਤੀ ਗਈ ਸੀ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਪੱਤਰ ਨੰ:414/ਆਰ.ਟੀ.ਆਈ., ਮਿਤੀ 20-03-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜ਼ ਦਿੱਤੀ ਗਈ ਸੀ ਜ਼ੋ ਕਿ ਮਿਤੀ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**1902/2019

03-04-2019 ਨੂੰ ਅਪੀਲਕਰਤਾ ਨੂੰ ਪ੍ਰਾਪਤ ਹੋ ਗਈ ਸੀ। ਇਸ ਤਰ੍ਹਾਂ ਲੋਕ ਸੂਚਨਾ ਅਧਿਕਾਰੀ ਵੱਲੋਂ ਨਿਰਧਾਰਿਤ ਸਮੇਂ ਅੰਦਰ ਕਾਰਵਾਈ ਆਰੰਭ ਕਰਕੇ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਜ਼ੋ ਮਾਮੂਲੀ ਦੇਰੀ ਹੋਈ ਹੈ ਉਹ ਦਫਤਰੀ ਪ੍ਰੋਸੀਜਰਲ ਦੇਰੀ ਹੈ। ਇਸ ਤੋਂ ਇਲਾਵਾ ਪਹਿਲੀ ਅਪੀਲੀ ਅਥਾਰਟੀ ਵੱਲੋਂ ਅਪੀਲਕਰਤਾ ਦੀ ਪਹਿਲੀ ਅਪੀਲ ਵੀ ਮਿਤੀ 04-07-2019 ਨੂੰ ਰੱਦ ਕੀਤੀ ਜਾ ਚੁੱਕੀ ਹੈ। ਇਸ ਕਰਕੇ ਇੰਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 13 ਅਗਸਤ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰੇਮ ਕੁਮਾਰ ਰਤਨ, (98722-20039)
ਮਕਾਨ ਨੰ 78/8, ਪਾਰਕ ਰੋਡ, ਨਿਊ ਮੰਡੀ ਧੂਰੀ,
ਜ਼ਿਲ੍ਹਾ ਸੰਗਰੂਰ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਉਪ ਮੰਡਲ ਮੈਜਿਸਟਰੇਟ, ਧੂਰੀ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਮੈਜਿਸਟਰੇਟ, ਧੂਰੀ,
ਜ਼ਿਲ੍ਹਾ ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ:1904/2019**

**ਹਾਜ਼ਰ:-**
1) ਸ਼੍ਰੀ ਪ੍ਰੇਮ ਕੁਮਾਰ ਰਤਨ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮਲਵਿੰਦਰ ਸਿੰਘ, ਰਜਿਸਟਰੀ ਕਲਰਕ ਦਫਤਰ ਤਹਿਸੀਲਦਾਰ, ਧੂਰੀ (80548-00091)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 03-03-2019, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਧੂਰੀ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 20-06-2018 ਨੂੰ ਪ੍ਰਾਪਤ ਹੋਏ ਪੱਤਰ ਨੰ:509/ਸਟੈਨੋ, ਮਿਤੀ 18-06-2018 ਨਾਲ ਪ੍ਰਾਪਤ ਹੋਈ ਸ਼ਿਕਾਇਤ ਬਾਰੇ ਦਿੱਤੇ ਗਏ ਆਪਣੇ ਜਵਾਬ ਅਤੇ ਇਸ ਸਬੰਧੀ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 22-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 12-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮਲਵਿੰਦਰ ਸਿੰਘ, ਰਜਿਸਟਰੀ ਕਲਰਕ ਦਫਤਰ ਤਹਿਸੀਲਦਾਰ, ਧੂਰੀ ਨੇ ਕਿਹਾ ਕਿ ਅਪੀਲਕਰਤਾ ਵੱਲੋਂ ਪਹਿਲਾਂ ਵੀ ਇੱਕ ਵੱਖਰੇ ਅਪੀਲ ਕੇਸ ਨੰ:4145 ਆਫ਼ 2018 ਵਿੱਚ ਅਜਿਹੀ ਸੂਚਨਾ ਮੰਗੀ ਸੀ ਜ਼ੋ ਕਿ ਉਸ ਨੂੰ ਦੇ ਦਿੱਤੀ ਗਈ ਸੀ ਅਤੇ ਉਹ ਕੇਸ ਇਸੇ ਬੈਂਚ ਵੱਲੋਂ ਮਿਤੀ 06-02-2019 ਨੂੰ ਦਾਖਲ ਦਫ਼ਤਰ ਵੀ ਕੀਤਾ ਜਾ ਚੁੱਕਾ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:179/ਆਰ.ਟੀ.ਆਈ., ਮਿਤੀ 01-08-2019 ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਹੈ, ਰਾਹੀਂ ਵਿਸਥਾਰ-ਪੂਰਵਕ ਜਵਾਬ ਵੀ ਕਮਿਸ਼ਨ ਨੂੰ ਭੇਜਿਆ ਗਿਆ ਹੈ।

3. ਦਫਤਰੀ ਰਿਕਾਰਡ ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਹਥਲੇ ਕੇਸ ਵਿੱਚ ਮੰਗੀ ਗਈ ਸੂਚਨਾ ਪਹਿਲਾਂ ਵੀ ਇੱਕ ਵੱਖਰੇ ਅਪੀਲ ਕੇਸ ਨੰ:4145 ਆਫ਼ 2018 ਵਿੱਚ ਮੰਗੀ ਸੀ ਜ਼ੋ ਕਿ ਇਸੇ ਬੈਂਚ ਵੱਲੋਂ ਮਿਤੀ 06-02-2019 ਨੂੰ ਵਿਚਾਰਨ ਉਪਰੰਤ ਦਾਖਲ ਦਫ਼ਤਰ ਵੀ ਕੀਤਾ ਜਾ ਚੁੱਕਾ ਹੈ। **ਅਪੀਲਕਰਤਾ ਵੱਲੋਂ ਇਸ ਤੱਥ ਨੂੰ ਕਮਿਸ਼ਨ ਕੋਲੋਂ ਛੁਪਾ ਕੇ ਕਮਿਸ਼ਨ ਨੂੰ ਗੁੰਮਰਾਹ ਕੀਤਾ ਗਿਆ ਹੈ। ਇਸ ਤੋਂ ਇਲਾਵਾ ਅਪੀਲਕਰਤਾ ਵੱਲੋਂ ਕਮਿਸ਼ਨ ਕੋਲ ਦਾਇਰ ਕੀਤੀ ਗਈ ਦੂਜੀ**

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਅਪੀਲ ਕੇਸ ਨੰ:1904/2019

ਅਪੀਲ ਦੇ ਨਾਲ ਹੇਠ ਲਿਖਿਆ ਬਿਆਨ ਵੀ ਦਿੱਤਾ ਹੋਇਆ ਹੈ:-

"ਮੈਂ ਬਿਆਨ ਕਰਦਾ ਹਾਂ ਕਿ ਦਾਖਲ ਕੀਤੀ ਅਪੀਲ ਜਾਂ ਸ਼ਿਕਾਇਤ ਪਹਿਲਾਂ ਤੋ ਕਿਸੇ ਵੀ ਕਮਿਸ਼ਨਰ ਕੋਲ ਧਿਆਨ ਗੋਚਰੇ ਨਹੀਂ ਪਈ ਹੈ ਅਤੇ ਇਸ ਉਪਰ ਕੋਈ ਸੂਚਨਾ ਦਵਾਉਣ ਸਬੰਧੀ ਕੋਈ ਫੈਸਲਾ ਨਹੀਂ ਲਿਆ ਗਿਆ ਹੈ।"

ਅਪੀਲਕਰਤਾ ਵੱਲੋਂ ਕੇਸ ਦੇ ਤੱਥਾਂ ਨੂੰ ਛੁਪਾ ਕੇ, ਗਲਤ ਬਿਆਨੀ ਕਰਕੇ ਅਤੇ ਕਮਿਸ਼ਨ ਨੂੰ ਗੁੰਮਰਾਹ ਕਰਕੇ ਕਮਿਸ਼ਨ ਵਿਖੇ ਅਪੀਲ ਦਾਇਰ ਕੀਤੀ ਗਈ ਹੈ, ਜਿਸ ਦਾ ਕਮਿਸ਼ਨ ਨੇ ਬਹੁਤ ਹੀ ਗੰਭੀਰ ਨੋਟਿਸ ਲਿਆ ਹੈ।ਇਸ ਤੋਂ ਇਹ ਬਿਲਕੁੱਲ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਬਿਨ੍ਹਾਂ ਵਜ੍ਹਾ ਆਰ.ਟੀ.ਆਈ. ਆਰਜ਼ੀਆਂ ਦਾਇਰ ਕਰਕੇ ਸਬੰਧਤ ਵਿਭਾਗਾਂ ਨੂੰ ਪ੍ਰੇਸ਼ਾਨ ਕਰ ਰਿਹਾ ਹੈ।ਇਸ ਸਥਿਤੀ ਦੇ ਸਨਮੁੱਖ ਅਪੀਲਕਰਤਾ ਨੂੰ ਭਵਿੱਖ ਵਿੱਚ ਅਜਿਹਾ ਕਰਨ ਤੋਂ ਗੁਰੇਜ਼ ਕਰਨ ਦੀ ਚਿਤਾਵਨੀ ਦਿੱਤੀ ਜਾਂਦੀ ਹੈ ਅਤੇ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 13 ਅਗਸਤ, 2019.

ਕਾਪੀ:-

ਡਿਪਟੀ ਰਜਿਸਟਰਾਰ,
ਪੰਜਾਬ ਰਾਜ ਸੂਚਨਾ ਕਮਿਸ਼ਨਰ,

ਨੂੰ ਯੋਗ ਕਾਰਵਾਈ ਹਿੱਤ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰੇਮ ਕੁਮਾਰ ਰਤਨ, (98722-20039)
ਮਕਾਨ ਨੰ 78/8, ਪਾਰਕ ਰੋਡ, ਨਿਊ ਮੰਡੀ ਧੂਰੀ,
ਜ਼ਿਲ੍ਹਾ ਸੰਗਰੂਰ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਉਪ ਮੰਡਲ ਮੈਜਿਸਟਰੇਟ, ਧੂਰੀ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਮੈਜਿਸਟਰੇਟ, ਧੂਰੀ,
ਜ਼ਿਲ੍ਹਾ ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ:1908/2019**

**ਹਾਜ਼ਰ:-** 1) ਸ਼੍ਰੀ ਪ੍ਰੇਮ ਕੁਮਾਰ ਰਤਨ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮਲਵਿੰਦਰ ਸਿੰਘ, ਰਜਿਸਟਰੀ ਕਲਰਕ ਦਫਤਰ ਤਹਿਸੀਲਦਾਰ, ਧੂਰੀ (80548-00091)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 03-03-2019, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਧੂਰੀ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਜ਼ਮੀਨ ਦੇ ਮਾਲਕੀ ਸਬੂਤ ਹਸਲ ਕੀਤੇ ਬਿਨ੍ਹਾਂ ਹੀ ਵਸੀਕੇ ਰਜਿਸਟਰ ਕਰਨ ਸਬੰਧੀ ਕੀਤੀ ਗਈ ਸ਼ਿਕਾਇਤ ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 22-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 12-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮਲਵਿੰਦਰ ਸਿੰਘ, ਰਜਿਸਟਰੀ ਕਲਰਕ ਦਫਤਰ ਤਹਿਸੀਲਦਾਰ, ਧੂਰੀ ਨੇ ਕਿਹਾ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਜਵਾਬ ਭੇਜਿਆ ਜਾ ਚੱਕਾ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:177/ਆਰ.ਟੀ.ਆਈ., ਮਿਤੀ 01-08-2019 ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਹੈ, ਰਾਹੀਂ ਵਿਸਥਾਰ-ਪੂਰਵਕ ਜਵਾਬ ਵੀ ਕਮਿਸ਼ਨ ਨੂੰ ਭੇਜਿਆ ਗਿਆ ਹੈ। ਇਸ ਪੱਤਰ ਰਾਹੀਂ ਉਨ੍ਹਾਂ ਵੱਲੋਂ ਦੱਸਿਆ ਗਿਆ ਹੈ ਕਿ ਅਪੀਲਕਰਤਾ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ ਕਿ ਉਸ ਦੀ ਸ਼ਿਕਾਇਤ ਸਬੰਧੀ ਤਹਿਸੀਲ ਦਫ਼ਤਰ ਧੂਰੀ ਵਿਖੇ ਕਾਰਵਾਈ ਚੱਲ ਰਹੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਦੇ ਸਨਮੁੱਖ ਵਾਚਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ।ਇਸ ਕਰਕੇ ਇਸ ਕੇਸ ਵਿੱਚ ਵੀ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 13 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰਦੇਵ ਸਿੰਘ, (81466-79600)
ਮਕਾਨ ਨੰ: 869,ਦੀਪ ਨਗਰ,
ਨੇੜੇ ਜੇਠੀ ਨਗਰ, ਮਲੇਰਕੋਟਲਾ ਰੋਡ,
ਤਹਿਸੀਲ ਖੰਨਾ, ਜ਼ਿਲ੍ਹਾ ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ,
ਸੈਕਟਰ 69, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ,
ਸੈਕਟਰ 69, ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ: 1912/2019**

**ਹਾਜ਼ਰ:-** 1) ਸ਼੍ਰੀ ਹਰਦੇਵ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਡਾਕਟਰ ਪ੍ਰਭਜੀਤ ਕੌਰ, ਨੋਡਲ ਅਫਸਰ (98882-67113) ਅਤੇ ਸ਼੍ਰੀ ਤੇਜਿੰਦਰਪਾਲ ਸਿੰਘ, ਸੀਨੀਅਰ ਸਹਾਇਕ (94635-38323)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-12-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਅਸ਼ੋਕ ਰਾਣਾ ਅਤੇ ਸ਼੍ਰੀ ਪਿਆਰੇ ਲਾਲ ਗਰਗ ਵੱਲੋਂ ਡਾਕਟਰ ਗੁਰਦੀਪ ਸਿੰਘ ਕਲਿਆਣ (ਹੁਣ ਰਿਵਰਟਡ ਜੁਆਇੰਟ ਡਾਇਰੈਕਟਰ )ਵਿਰੁੱਧ ਕੀਤੀ ਗਈ ਸ਼ਿਕਾਇਤ ਮਿਤੀ 15-12-2016 ਜਿਸ ਵਿੱਚ ਅਪੀਲਕਰਤਾ ਵੀ ਸ਼ਾਮਿਲ ਸੀ, ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 23-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 12-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਡਾਕਟਰ ਪ੍ਰਭਜੀਤ ਕੌਰ, ਨੋਡਲ ਅਫਸਰ ਨੇ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਆਪਣੇ ਨਿੱਜੀ ਹਿੱਤ ਲਈ ਮੰਗੀ ਜਾ ਰਹੀ ਹੈ ਅਤੇ ਇਸ ਵਿੱਚ ਕੋਈ ਲੋਕ ਹਿੱਤ ਸ਼ਾਮਿਲ ਨਹੀਂ ਹੈ, ਜਿਸ ਕਰ ਕੇ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ।

3. ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਨੂੰ ਘੋਖਣ ਤੇ ਇਹ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਆਪਣੇ ਨਿੱਜੀ ਰਿਕਾਰਡ ਵਿੱਚ ਰੱਖਣ ਵਾਸਤੇ ਸੂਚਨਾ ਮੰਗੀ ਗਈ ਹੈ ਜਿਸ ਤੋਂ ਸਾਫ਼ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਸੂਚਨਾ ਵਿੱਚ ਕੋਈ ਲੋਕ ਹਿੱਤ ਸ਼ਾਮਿਲ ਨਹੀਂ ਹੈ। ਇਸ ਕਰਕੇ ਇਸ ਕੇਸ ਵਿੱਚ ਵੀ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 13 ਅਗਸਤ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕੇਵਲ ਸਿੰਘ, (85280-37175)
ਪਿੰਡ ਤੇ ਡਾਕਖਾਨਾ ਢਿਲਵਾਂ ਕਲਾਂ ਕੋਠੇ ਰਾਮਸਰ,
ਜ਼ਿਲ੍ਹਾ ਫਰੀਦਕੋਟ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡੀਨ ਅਕੈਡਮਿਕ ਅਫੇਅਰਜ਼,
ਪੰਜਾਬੀ ਯੂਨੀਵਰਸਿਟੀ।
ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ: 1913/2019**

**ਹਾਜ਼ਰ:-** 1) ਸ਼੍ਰੀ ਕੇਵਲ ਸਿੰਘ, ਅਪੀਲਕਰਤਾ।
3) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ (98554-93346)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-11-2018, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬੀ ਯੂਨੀਵਰਸਿਟੀ, ਪਟਿਆਲਾ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ 18-09-2018 ਤੋਂ 17-11-2018 ਤੱਕ ਦੇਸਮੇਂ ਦੌਰਾਨ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਵਾਈਸ ਚਾਂਸਲਰ ਦੇ ਦਫਤਰ ਬਾਹਰ ਹੋਈ ਐਜੀਟਸ਼ਨ/ਧਰਨੇ/ਪ੍ਰਸੋਟੈਸ ਅਤੇ ਵਾਪਰੀਆਂ ਹੋਰ ਘਟਨਾਵਾਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 09-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 25-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 12-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਉੱਤਰਦਾਤਾ ਕੋਲੋਂ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਉੱਤਰਦਾਤਾ ਨੂੰ ਸੂਚਿਤ ਕਰਨ ਦੇ ਬਾਵਜੂਦ ਵੀ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ ਨੇ ਪੱਤਰ ਨੰ:5981/ਐਸ-7/1042-18/ਆਰ.ਟੀ.ਆਈ. ਸੈੱਲ, ਮਿਤੀ 08-08-2019 ਪੇਸ਼ ਕਰਦੇ ਹੋਏ ਮੰਨਿਆ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਮਿਤੀ 09-05-2019 ਨੂੰ ਭੇਜੀ ਗਈ ਸੂਚਨਾ ਬਾਰੇ ਅਪੀਲਕਰਤਾ ਕੋਲੋ ਇਤਰਾਜ਼ ਪ੍ਰਾਪਤ ਹੋਏ ਹਨ ਅਤੇ ਉਨ੍ਹਾਂ ਇਤਰਾਜ਼ਾਂ ਨੂੰ ਦੂਰ ਕਰਨ ਲਈ ਸੂਚਨਾ ਇਕੱਤਰ ਕੀਤੀ ਜਾ ਰਹੀ ਹੈ ਜਿਸ ਵਿੱਚ ਕੁੱਝ ਸਮਾਂ ਲੱਗਣ ਦੀ ਸੰਭਾਵਨਾ ਹੈ। ਇਸ ਕਰਕੇ ਹਾਜ਼ਰ ਉੱਤਰਦਾਤਾ ਵੱਲੋਂ ਕੁੱਝ ਸਮੇਂ ਦੀ ਮੰਗ ਕੀਤੀ ਗਈ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਹਾਜ਼ਰ ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 09-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 13 ਅਗਸਤ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰਦੇਵ ਸਿੰਘ, (81466-79600)
ਮਕਾਨ ਨੰ: 869,ਦੀਪ ਨਗਰ,
ਨੇੜੇ ਜੇਠੀ ਨਗਰ, ਮਲੇਰਕੋਟਲਾ ਰੋਡ,
ਤਹਿਸੀਲ ਖੰਨਾ, ਜ਼ਿਲ੍ਹਾ ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਜਾਬ ਨਰਸਿੰਗ ਰਜਿਸਟਰੇਸ਼ਨ ਕੌਂਸਿਲ,
ਸੈਕਟਰ 69, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪੰਜਾਬ ਨਰਸਿੰਗ ਰਜਿਸਟਰੇਸ਼ਨ ਕੌਂਸਿਲ,
ਸੈਕਟਰ 69, ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ: 1915/2019**

**ਹਾਜ਼ਰ:–** 1) ਸ਼੍ਰੀ ਹਰਦੇਵ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਮੀਨਾਕਸ਼ੀ, ਸੀਨੀਅਰ ਸਹਾਇਕ (98880-66127)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-12-2018, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬ ਨਰਸਿੰਗ ਰਜਿਸਟਰੇਸ਼ਨ ਕੌਂਸਿਲ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਡਾਕਟਰ ਗੁਰਦੀਪ ਸਿੰਘ ਕਲਿਆਣ, ਡਾਇਰੈਕਟਰ, ਖੋਜ਼ ਅਤੇ ਮੈਡੀਕਲ ਸਿੱਖਿਆ, ਪੰਜਾਬ ਵੱਲੋਂ ਸਾਲ 2013 ਤੋਂ ਫਰਵਰੀ 2015 ਤੱਕ ਆਪਣੇ ਪੱਧਰ ਤੇ ਦਰਜਾ-3 ਅਤੇ ਦਰਜਾ 4 ਕਰਮਚਾਰੀਆਂ ਦੀਆਂ ਕੀਤੀਆਂ ਗਈਆਂ ਨਿਯੁਕਤੀਆਂ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 23-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 12-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਕੋਈ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਮੀਨਾਕਸ਼ੀ, ਸੀਨੀਅਰ ਸਹਾਇਕ ਨੇ ਕਿਹਾ ਕਿ ਅਪੀਲਕਰਤਾ ਵੱਲੋਂ ਆਪ ਤਿਆਰ ਕੀਤੇ ਗਏ ਪ੍ਰਫਾਰਮੇ ਵਿੱਚ ਸੂਚਨਾ ਮੰਗੀ ਗਈ ਹੈ ਜੋ ਕਿ ਆਰ.ਟੀ.ਆਈ. ਐਕਟ ਤਹਿਤ ਤਿਆਰ ਕਰ ਕੇ ਦੇਣੀ ਨਹੀਂ ਬਣਦੀ।

3. ਕਮਿਸ਼ਨ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ. ਆਰਜ਼ੀ ਨੂੰ ਵਾਚਣ ਤੇ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਆਪ ਤਿਆਰ ਕੀਤੇ ਗਏ ਪ੍ਰਫਾਰਮੇ ਵਿੱਚ ਸੂਚਨਾ ਮੰਗੀ ਗਈ ਹੈ ਜਦੋਂ ਕਿ ਆਰ.ਟੀ.ਆਈ. ਐਕਟ,2005 ਵਿੱਚ ਇਸ ਤਰ੍ਹਾਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਦਾ ਕੋਈ ਉਪਬੰਧ ਨਹੀਂ ਹੈ। ਇਸ ਤੋਂ ਇਲਾਵਾ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਵਿੱਚ ਕੋਈ ਲੋਕ ਹਿੱਤ ਵੀ ਨਜ਼ਰ ਨਹੀਂ ਆਉਂਦਾ।ਇਸ ਕਰਕੇ ਇਸ ਕੇਸ ਵਿੱਚ ਵੀ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ:** ਚੰਡੀਗੜ੍ਹ, 13 ਅਗਸਤ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ,
ਪੁੱਤਰ ਸ਼੍ਰੀ ਮਨਵਿੰਦਰ ਸਿੰਘ,
ਪਿੰਡ ਖਿਲਚੀਆਂ,
ਤਹਿਸੀਲ ਬਾਬਾ ਬਕਾਲਾ ਸਾਹਿਬ,
ਜ਼ਿਲ੍ਹਾ ਅੰਮ੍ਰਿਤਸਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ,
ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫਤਰ ਉਪ ਮੰਡਲ ਮੈਜਿਸਟਰੇਟ,
ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ।

(ਰਜਿਸਟਰਡ) ਸ਼੍ਰੀ ਅਸ਼ੋਕ ਕੁਮਾਰ, ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ,
ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ। -----ਉੱਤਰਦਾਤਾ

**ਅਪੀਲ ਕੇਸ ਨੰ:1166/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 15-07-2019 ਤੇ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ ਜਿਸ ਕਾਰਨ ਉਸ ਨੂੰ ਮਾਨਸਿਕ ਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਾਤਾਰ ਦੋ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਤੋਂ ਇਲਾਵਾ ਲੋਕ ਸੂਚਨਾ ਅਧਿਕਾਰੀ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ., ਮਿਤੀ 21-12-2018 ਸਬੰਧੀ 06 ਮਹੀਨੇ ਤੋਂ ਵੀ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਤੱਕ ਉਸ ਨੂੰ ਸੂਚਨਾ ਨਹੀਂ ਭੇਜੀ ਗਈ ਸੀ ਜਦੋਂ ਕਿ ਆਰ.ਟੀ.ਆਈ. ਐਕਟ, 2005 ਦੇ ਉਪਬੰਧਾਂ ਮੁਤਾਬਿਕ ਅਪੀਲਕਰਤਾ ਨੂੰ 30 ਦਿਨਾਂ ਦੇ ਅੰਦਰ-ਅੰਦਰ ਸੂਚਨਾ ਮੁਹੱਈਆ ਕਰਾਉਣੀ ਬਣਦੀ ਸੀ। ਇਸ ਕਰਕੇ ਉੱਤਰਦਾਤਾ, ਸ਼੍ਰੀ ਅਸ਼ੋਕ ਕੁਮਾਰ, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕੀਤਾ ਗਿਆ ਸੀ ਅਤੇ ਉਸ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਗਿਆ ਸੀ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਨਹੀਂ ਕਹਿਣਾ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਕੀਤੀ ਜਾਵੇਗੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 13-08-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 12-08-2019 ਰਾਹੀਂ ਭੇਜੇ ਗਏ ਪੱਤਰ, ਮਿਤੀ 12-08-2019 ਦੁਆਰਾ ਕਮਿਸ਼ਨ ਨੂੰ ਸੂਚਿਤ ਕਰਦੇ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਰਜਿਸਟਰਡ ਡਾਕ ਰਾਹੀਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਹੈ।

3. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:1166/2019**

ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਫਿਰ ਵੀ ਉੱਤਰਦਾਤਾ, ਸ਼੍ਰੀ ਅਸ਼ੋਕ ਕੁਮਾਰ, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਨੂੰ ਜਾਰੀ ਕੀਤੇ ਗਏ ਕਾਰਨ-ਦੱਸੋ ਨੋਟਿਸ ਦਾ ਜਵਾਬ ਪੇਸ਼ ਕਰਨ ਲਈ ਉਨ੍ਹਾਂ ਨੂੰ ਆਖਰੀ ਮੌਕਾ ਦਿੱਤਾ ਜਾਂਦਾ ਹੈ।ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 04-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 13 ਅਗਸਤ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ,
ਪੁੱਤਰ ਸ਼੍ਰੀ ਮਨਵਿੰਦਰ ਸਿੰਘ,
ਪਿੰਡ ਖਿਲਚੀਆਂ,
ਤਹਿਸੀਲ ਬਾਬਾ ਬਕਾਲਾ ਸਾਹਿਬ,
ਜ਼ਿਲ੍ਹਾ ਅੰਮ੍ਰਿਤਸਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ (ਦਿਹਾਤੀ),
ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ-ਕਮ-
ਡਿਪਟੀ ਇੰਸਪੈਕਟਰ ਜਨਰਲ, ਪੁਲਿਸ,
ਬਾਰਡਰ ਰੇਂਜ, ਅੰਮ੍ਰਿਤਸਰ। -----ਉੱਤਰਦਾਤਾ

**ਅਪੀਲ ਕੇਸ ਨੰ:1171/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 15-07-2019 ਤੇ ਦੋਵਾਂ ਧਿਰਾਂ ਨੂੰ ਸੁਣਿਆ ਗਿਆ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਕੁਲਵੰਤ ਸਿੰਘ, ਏ.ਐਸ.ਆਈ. ਨੇ ਕਿਹਾ ਸੀ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਨੇ ਕਿਹਾ ਸੀ ਕਿ ਉਸ ਵੱਲੋਂ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕਰਨ ਦੇ ਬਾਵਜੂਦ ਵੀ ਉਸ ਨੂੰ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਨੇ ਕਿਹਾ ਸੀ ਕਿ ਅਪੀਲਕਰਤਾ ਕਿਸੇ ਕੰਮ-ਕਾਜ ਵਾਲੇ ਦਿਨ ਉਨ੍ਹਾਂ ਦੇ ਦਫ਼ਤਰ ਆ ਕੇ ਸਬੰਧਤ ਰਿਕਾਰਡ ਚੈੱਕ ਕਰ ਕੇ ਸੂਚਨਾ ਪ੍ਰਾਪਤ ਕਰ ਸਕਦਾ ਹੈ। ਦੋਵਾਂ ਧਿਰਾਂ ਵਿੱਚ ਕੁੱਝ ਵਿਚਾਰ-ਵਟਾਂਦਰੇ ਉਪਰੰਤ ਅਪੀਲਕਰਤਾ ਨੇ ਉਤਰਦਾਤਾ ਦੇ ਦਫ਼ਤਰ ਜਾ ਕੇ ਸੂਚਨਾ ਪ੍ਰਾਪਤ ਕਰਨ ਲਈ ਸਹਿਮਤੀ ਪ੍ਰਗਟਾਈ ਸੀ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵੱਲੋਂ ਉਨ੍ਹਾਂ ਦੇ ਦਫ਼ਤਰ ਹਾਜ਼ਰ ਹੋਣ ਤੇ ਆਰ.ਟੀ. ਆਈ. ਐਕਟ, 2005 ਤਹਿਤ ਬਣਦੀ ਸੂਚਨਾ ਉਸ ਨੂੰ ਮੁਹੱਈਆ ਕਰਵਾ ਦਿੱਤੀ ਜਾਵੇ। ਅਪੀਲਕਰਤਾ ਵੱਲੋਂ ਸੂਚਨਾ ਪ੍ਰਾਪਤ ਕੀਤੇ ਜਾਣ ਦੀ ਪੁਸ਼ਟੀ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 13-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 09-08-2019 ਰਾਹੀਂ ਭੇਜੇ ਗਏ ਕਮਿਸ਼ਨ ਨੂੰ ਸੰਬੋਧਿਤ ਪੱਤਰ, ਮਿਤੀ 09-08-2019 ਦੁਆਰਾ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਵੱਲੋਂ ਪੱਤਰ ਮਿਤੀ 29-07-2019 ਰਾਹੀਂ ਲੋਕ ਸੂਚਨਾ ਅਧਿਕਾਰੀ ਨੂੰ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਸੂਚਿਤ ਕਰਨ ਦੇ ਬਾਵਜੂਦ ਵੀ ਉਸ ਨੂੰ ਅਜੇ ਤੱਕ ਮੰਗੀ ਗਈ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਰਜਿਸਟਰਡ ਡਾਕ ਰਾਹੀਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਹੈ।

3. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਆਰ.ਟੀ. ਆਈ. ਐਕਟ,

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**1171/2019

2005 ਤਹਿਤ ਬਣਦੀ ਸੂਚਨਾ ਰਜਿਸਟਰਡ ਡਾਕ ਰਾਹੀਂ ਉਸ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ** 04-09-2019 **ਨੂੰ ਸਵੇਰੇ** 11-30 **ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 13 **ਅਗਸਤ,** 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਿਨੋਦ ਭਗਤ,
#4283, ਨੇੜੇ ਦੁਰਗਾ ਮੰਦਿਰ (ਹਾਥੀ ਵਾਲਾ ਮੰਦਿਰ),
ਸ਼ਿਵਾ ਜੀ ਨਗਰ, ਲੁਧਿਆਣਾ -141008. ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ,ਖੰਨਾ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਤਹਿਸੀਲਦਾਰ,ਖੰਨਾ,
ਜ਼ਿਲ੍ਹਾ ਲੁਧਿਆਣਾ। -----ਉੱਤਰਦਾਤਾ

**ਅਪੀਲ ਕੇਸ ਨੰ:1173/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜੰਗ ਸਿੰਘ, ਕਲਰਕ (94649-63232)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-11-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ (ਡੀ) ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਨਗਰ ਨਿਗਮ ਦੀਆਂ ਫਰਵਰੀ 2018 ਵਿੱਚ ਹੋਈਆਂ ਚੋਣਾਂ ਤੇ ਲੱਗੇ ਮੁਲਾਜ਼ਮਾਂ ਦੇ ਰੋਜ਼ਾਨਾ ਹਾਜ਼ਰੀ ਰਜਿਸਟਰ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਤਹਿਸੀਲਦਾਰ,ਖੰਨਾ ਨਾਲ ਹੋਣ ਕਾਰਨ ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, (ਡੀ) ਲੁਧਿਆਣਾ ਵੱਲੋਂ ਅਪੀਲਕਰਤਾ ਦਾ ਬਿਨੈ-ਪੱਤਰ ਆਰ.ਟੀ.ਆਈ.ਐਕਟ,2005 ਦੀ ਧਾਰਾ 6(3) ਤਹਿਤ ਲੋਕ ਸੂਚਨਾ ਅਧਿਕਾਰੀ ਦਫਤਰ ਤਹਿਸੀਲਦਾਰ,ਖੰਨਾ, ਜ਼ਿਲ੍ਹਾ ਲੁਧਿਆਣਾ ਨੂੰ ਤਬਦੀਲ ਕਰ ਦਿੱਤਾ ਗਿਆ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-06-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜੰਗ ਸਿੰਘ, ਕਲਰਕ ਨੇ ਪੱਤਰ ਨੰ:499-501/ਆਰ.ਟੀ.ਆਈ./ਖੰਨਾ, ਮਿਤੀ 08-08-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਦਫ਼ਤਰੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਰਜਿਸਟਰਡ ਡਾਕ ਰਾਹੀਂ ਮਿਤੀ 09-08-2019 ਨੂੰ ਭੇਜੀ ਜਾ ਚੁੱਕੀ ਹੈ।ਇਸ ਦੇ ਸਬੂਤ ਵਜੋਂ ਉਸ ਵੱਲੋਂ ਰਜਿਸਟਰੀ ਕਰਨ ਦੀ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਗਈ ਹੈ ਜਿਸ ਅਨੁਸਾਰ ਅਪੀਲਕਰਤਾ ਨੂੰ ਮਿਤੀ 09-08-2019 ਨੂੰ ਸੂਚਨਾ ਭੇਜੀ ਜਾ ਚੁੱਕੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਇਸ ਕਰਕੇ ਇਸ ਕੇਸ ਵਿੱਚ ਵੀ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 13 ਅਗਸਤ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕੇਵਲ ਸਿੰਘ, (94656-47658)
ਪੇਰੈਂਟਸ ਐਸੋਸੀਏਸ਼ਨ (ਰਜਿਸਟਰਡ), ਮਾਛੀਵਾੜਾ,
ਜ਼ਿਲ੍ਹਾ ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ,
ਸਮਰਾਲਾ, ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ,
ਸਮਰਾਲਾ, ਜ਼ਿਲ੍ਹਾ ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ:1356 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 05-08-2019 ਤੇ ਹਾਜ਼ਰ ਅਪੀਲਕਰਤਾ ਦੇ ਨੁਮਾਇੰਦੇ, ਸ਼੍ਰੀ ਸੁਖਵਿੰਦਰ ਸਿੰਘ, ਨੇ ਕਿਹਾ ਸੀ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਵਿਜੈ ਕੁਮਾਰ, ਨਾਇਬ ਤਹਿਸੀਲਦਾਰ ਨੇ ਪੱਤਰ ਨੰ:1665-1666, ਮਿਤੀ 02-08-2019 ਪੇਸ਼ ਕਰਦੇ ਹੋਏ ਕਿਹਾ ਸੀ ਕਿ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਜਵਾਬ ਵਾਚਣ ਉਪਰੰਤ ਸਹੀ ਨਹੀਂ ਪਾਇਆ ਗਿਆ ਸੀ ਕਿਉਂਕਿ ਇਹ ਜਵਾਬ ਅਪੀਲਕਰਤਾ ਦੀ ਆਰ.ਟੀ. ਆਈ. ਅਰਜ਼ੀ ਦੇ ਅਨੁਕੂਲ ਨਹੀਂ ਸੀ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਆਰ.ਟੀ. ਆਈ. ਅਰਜ਼ੀ ਮੁਤਾਬਿਕ ਜਵਾਬ ਦੇਣ ਵਾਸਤੇ ਸਮਝਾਇਆ ਗਿਆ ਸੀ ਅਤੇ ਉਸ ਵੱਲੋਂ ਅਪੀਲਕਰਤਾ ਨੂੰ ਢੁਕਵੀਂ ਸੂਚਨਾ ਦੇਣ ਦਾ ਭਰੋਸਾ ਦਿੰਦੇ ਹੋਏ ਸਮੇਂ ਦੀ ਮੰਗ ਕੀਤੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਬਾਰੇ ਮੁਕੰਮਲ ਸਟੇਟਸ ਰਿਪੋਰਟ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 13-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਬਾਰੇ ਮੁਕੰਮਲ ਸਟੇਟਸ ਰਿਪੋਰਟ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਣਾ ਵੀ ਯਕੀਨੀ ਬਣਾਇਆ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 04-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 13 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭੁਪਿੰਦਰ ਸਿੰਘ (ਮੋਬ: 94170-16572)
ਪੁੱਤਰ ਸ਼੍ਰੀ ਅਜੀਤ ਸਿੰਘ,
ਮਕਾਨ ਨੰ:23, ਆਤਮ ਨਗਰ, ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ (ਪੂਰਬੀ), ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਵਧੀਕ ਡਿਪਟੀ ਕਮਿਸ਼ਨਰ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 947/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।।

**ਹੁਕਮ:**

ਪਿਛਲੀ ਪੇਸ਼ੀ, ਮਿਤੀ 06-08-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਆਪਣੇ ਅਧਿਕਾਰਿਤ ਨੁਮਾਇੰਦੇ, ਸ਼੍ਰੀ ਸਰਬਜੀਤ ਸਿੰਘ ਕਾਹਲੋਂ ਰਾਹੀਂ ਈ.ਮੇਲ. ਮਿਤੀ 05-08-2019 ਰਾਹੀਂ ਦੱਸਿਆ ਗਿਆ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਅਲਕਾ, ਕਲਰਕ ਦਫ਼ਤਰ ਤਹਿਸੀਲਦਾਰ (ਪੂਰਬੀ) ਲੁਧਿਆਣਾ ਨੇ ਪਹਿਲਾਂ ਕਿਹਾ ਕਿ ਅਪੀਲਕਰਤਾ ਨੂੰ ਦਿੱਤੀ ਜਾਣ ਵਾਲੀ ਸੂਚਨਾ ਦਾ ਸਬੰਧ ਤਹਿਸੀਲਦਾਰ (ਦੱਖਣੀ) ਨਾਲ ਹੈ ਪਰੰਤੂ ਬਾਅਦ ਵਿੱਚ ਕਿਹਾ ਗਿਆ ਕਿ ਦਿੱਤੀ ਜਾ ਵਾਲੀ ਸੂਚਨਾ ਦਾ ਸਬੰਧ ਤਹਿਸੀਲਦਾਰ (ਕੇਂਦਰੀ) ਨਾਲ ਹੈ। ਇਸ ਤਰ੍ਹਾਂ ਹਾਜ਼ਰ ਉੱਤਰਦਾਤਾ ਇਹ ਸਪੱਸ਼ਟ ਨਹੀਂ ਕਰ ਸਕੀ ਸੀ ਕਿ ਅਪੀਲਕਰਤਾ ਨੂੰ ਦਿੱਤੀ ਜਾਣ ਵਾਲੀ ਸੂਚਨਾ ਦਾ ਸਬੰਧ ਅਸਲ ਵਿੱਚ ਕਿਸ ਲੋਕ ਸੂਚਨਾ ਅਧਿਕਾਰੀ ਨਾਲ ਹੈ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਸੀ ਕਿ ਆਪਣਾ ਜਵਾਬ ਹਲਫੀਆ-ਬਿਆਨ ਰਾਹੀਂ ਪੇਸ਼ ਕੀਤਾ ਜਾਵੇ ਕਿ ਅਪੀਲਕਰਤਾ ਨੂੰ ਦਿੱਤੀ ਜਾਣ ਵਾਲੀ ਸੂਚਨਾ ਦਾ ਸਬੰਧ ਅਸਲ ਵਿੱਚ ਕਿਸ ਲੋਕ ਸੂਚਨਾ ਅਧਿਕਾਰੀ ਨਾਲ ਹੈ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 13-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਤੋਂ ਇਲਾਵਾ ਪਿਛਲੀ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਅਲਕਾ, ਕਲਰਕ ਦਫ਼ਤਰ ਤਹਿਸੀਲਦਾਰ (ਪੂਰਬੀ) ਲੁਧਿਆਣਾ ਵੱਲੋਂ ਕਮਿਸ਼ਨ ਦੇ ਹੁਕਮ, ਮਿਤੀ 06-08-2019 ਦੀ ਪਾਲਣਾ ਹਿੱਤ ਆਪਣਾ ਜਵਾਬ ਵੀ ਪੇਸ਼ ਨਹੀਂ ਕੀਤਾ ਗਿਆ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਇਸ ਕੇਸ ਦੀ ਸਥਿਤੀ ਸਪੱਸ਼ਟ ਕੀਤੀ ਜਾਵੇ ਅਤੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਣਾ ਵੀ ਯਕੀਨੀ ਬਣਾਇਆ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 04-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 13 **ਅਗਸਤ,** 2019.

**ਕਾਪੀ:-**

ਲੋਕ ਸੂਚਨਾ ਅਧਿਕਾਰੀ-ਕਮ-
ਤਹਿਸੀਲਦਾਰ, ਲੁਧਿਆਣਾ (ਦੱਖਣੀ)।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ: ਦਿਵਯਾ ਜੈਂਨ,
ਮਕਾਨ ਨੰ: 737, ਗਲੀ ਨੰ: 1 ਏ, ਬਲਾਕ ਡੀ,
ਗੁਰੂ ਨਾਨਕ ਕਲੋਨੀ, ਸੰਗਰੂਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਮੁੱਢਲਾ ਸਿਹਤ ਕੇਂਦਰ ਮੂਨਕ,
ਜਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸਿਵਲ ਸਰਜਨ ,
ਜਿਲ੍ਹਾ ਪ੍ਰਸ਼ਾਸ਼ਨ ਕੰਪਲੈਕਸ ਬਲਾਕ ਨੰ: 2, ਤੀਜੀ ਮੰਜ਼ਿਲ,
ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ:2113 ਆਫ 2017**

**ਹਾਜ਼ਰ:**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 27-05-2019 ਤੇ ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਈ ਸੀ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਉੱਤਰਦਾਤਾ ਵੱਲੋਂ ਵੀ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਸੀਨੀਅਰ ਮੈਡੀਕਲ ਅਫਸਰ, ਇੰਚਾਰਜ, ਪ੍ਰਾਇਮਰੀ ਸਿਹਤ ਕੇਂਦਰ, ਲੌਂਗੋਵਾਲ, ਜ਼ਿਲ੍ਹਾ ਸੰਗਰਰ, ਵੱਲੋਂ ਆਪਣੇ ਪੱਤਰ ਨੰ:19/631, ਮਿਤੀ 06-05-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਸੀ ਕਿ ਅਪੀਲਕਰਤਾ ਦੇ ਕੇਸ ਨਾਲ ਮਿਲਦੇ-ਜੁਲਦੇ ਇੱਕ ਵੱਖਰੇ ਕੇਸ ਨੰ:2114 ਆਫ 2117 ਵਿੱਚ ਡਾਕਟਰ ਅਖੀਲੇਸ਼ ਗਰੋਵਰ (ਤੀਜੀ ਧਿਰ) ਵੱਲੋਂ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਖੇ ਦਾਇਰ ਕੀਤੀ ਗਈ ਸਿਵਲ ਰਿੱਟ ਪਟੀਸ਼ਨ ਨੰ:25698 ਆਫ਼ 2017 ਵਿੱਚ ਅਗਲੀ ਸੁਣਵਾਈ ਮਿਤੀ 30-07-2019 ਲਈ ਨਿਸਚਿਤ ਕੀਤੀ ਗਈ ਹੈ। ਇਸ ਲਈ ਇਹ ਮਾਮਲਾ ਸਬ-ਜੁਡਿਸ ਹੋਣ ਕਾਰਨ ਕਮਿਸ਼ਨ ਵੱਲੋਂ ਇਸ ਕੇਸ ਵਿੱਚ ਬਿਨਾਂ ਕੋਈ ਕਾਰਵਾਈ ਕੀਤਿਆਂ ਇਹ ਕੇਸ ਅਗਲੀ ਸੁਣਵਾਈ ਮਿਤੀ 13-08-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਦੋਵਾਂ ਧਿਰਾਂ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਇਸ ਕੇਸ ਵਿੱਚ ਸ਼ਾਮਿਲ ਡਾਕਟਰ ਅਖੀਲੇਸ਼ ਗਰੋਵਰ (ਤੀਜੀ ਧਿਰ) ਵੱਲੋਂ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਖੇ ਸਿਵਲ ਰਿੱਟ ਪਟੀਸ਼ਨ ਨੰ:25698 ਆਫ਼ 2017 ਦਾਇਰ ਕੀਤੀ ਹੋਈ ਹੈ ਜ਼ੋ ਕਿ ਅਜੇ ਫੈਸਲੇ ਲਈ ਲੰਬਿਤ ਹੈ ਅਤੇ ਉਸ ਦੇ ਅੰਤਿਮ ਫੈਸਲੇ ਲਈ ਕੋਈ ਸਮਾਂ-ਸੀਮਾ ਨਿਸਚਿਤ ਨਹੀਂ ਹੈ। ਇਸ ਲਈ ਇਹ ਮਾਮਲਾ ਸਬ-ਜੁਡਿਸ ਹੋਣ ਕਾਰਨ ਕਮਿਸ਼ਨ ਵੱਲੋਂ ਇਸ ਕੇਸ ਦੀ **ਸੁਣਵਾਈ ਅਣ-ਮਿੱਥੇ ਸਮੇਂ ਲਈ ਮੁਲਤਵੀ (Adjourned to sine-die)** ਕੀਤੀ ਜਾਂਦੀ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 13 ਅਗਸਤ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ: ਦਿਵਯਾ ਜੈਂਨ,
ਮਕਾਨ ਨੰ: 737, ਗਲੀ ਨੰ: 1 ਏ, ਬਲਾਕ ਡੀ,
ਗੁਰੂ ਨਾਨਕ ਕਲੋਨੀ ਸੰਗਰੂਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਾਇਮਰੀ ਸਿਹਤ ਸੈਂਟਰ, ਲੋਂਗੋਵਾਲ,
ਜਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸਿਵਲ ਸਰਜਨ ,
ਜਿਲ੍ਹਾ ਪ੍ਰਬੰਧਕੀ ਕੰਪਲੈਕਸ ਬਲਾਕ-2 ,
ਤੀਜ਼ੀ ਮੰਜ਼ਿਲ ਸੰਗਰੂਰ। -------ਉੱਤਰਦਾਤਾ

**ਅਪੀਲ ਕੇਸ ਨੰ:2378 ਆਫ 2017**

**ਹਾਜ਼ਰ:**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 27-05-2019 ਤੇ ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਈ ਸੀ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਉੱਤਰਦਾਤਾ ਵੱਲੋਂ ਵੀ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਸੀਨੀਅਰ ਮੈਡੀਕਲ ਅਫਸਰ, ਇੰਚਾਰਜ, ਪ੍ਰਾਇਮਰੀ ਸਿਹਤ ਕੇਂਦਰ, ਲੌਂਗੋਵਾਲ, ਜ਼ਿਲ੍ਹਾ ਸੰਗਰਰ, ਵੱਲੋਂ ਆਪਣੇ ਪੱਤਰ ਨੰ:19/631, ਮਿਤੀ 06-05-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਸੀ ਕਿ ਅਪੀਲਕਰਤਾ ਦੇ ਕੇਸ ਨਾਲ ਮਿਲਦੇ-ਜੁਲਦੇ ਇੱਕ ਵੱਖਰੇ ਕੇਸ ਨੰ:2114 ਆਫ 2117 ਵਿੱਚ ਡਾਕਟਰ ਅਖੀਲੇਸ਼ ਗਰੋਵਰ (ਤੀਜੀ ਧਿਰ) ਵੱਲੋਂ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਖੇ ਦਾਇਰ ਕੀਤੀ ਗਈ ਸਿਵਲ ਰਿੱਟ ਪਟੀਸ਼ਨ ਨੰ:25698 ਆਫ਼ 2017 ਵਿੱਚ ਅਗਲੀ ਸੁਣਵਾਈ ਮਿਤੀ 30-07-2019 ਲਈ ਨਿਸਚਿਤ ਕੀਤੀ ਗਈ ਹੈ। ਇਸ ਲਈ ਇਹ ਮਾਮਲਾ ਸਬ-ਜੁਡਿਸ ਹੋਣ ਕਾਰਨ ਕਮਿਸ਼ਨ ਵੱਲੋਂ ਇਸ ਕੇਸ ਵਿੱਚ ਬਿਨਾਂ ਕੋਈ ਕਾਰਵਾਈ ਕੀਤਿਆਂ ਇਹ ਕੇਸ ਅਗਲੀ ਸੁਣਵਾਈ ਮਿਤੀ 13-08-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਦੋਵਾਂ ਧਿਰਾਂ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਇਸ ਕੇਸ ਵਿੱਚ ਸ਼ਾਮਿਲ ਡਾਕਟਰ ਅਖੀਲੇਸ਼ ਗਰੋਵਰ (ਤੀਜੀ ਧਿਰ) ਵੱਲੋਂ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਖੇ ਸਿਵਲ ਰਿੱਟ ਪਟੀਸ਼ਨ ਨੰ:25698 ਆਫ਼ 2017 ਦਾਇਰ ਕੀਤੀ ਹੋਈ ਹੈ ਜ਼ੋ ਕਿ ਅਜੇ ਫੈਸਲੇ ਲਈ ਲੰਬਿਤ ਹੈ ਅਤੇ ਉਸ ਦੇ ਅੰਤਿਮ ਫੈਸਲੇ ਲਈ ਕੋਈ ਸਮਾਂ-ਸੀਮਾ ਨਿਸਚਿਤ ਨਹੀਂ ਹੈ। ਇਸ ਲਈ ਇਹ ਮਾਮਲਾ ਸਬ-ਜੁਡਿਸ ਹੋਣ ਕਾਰਨ ਕਮਿਸ਼ਨ ਵੱਲੋਂ ਇਸ ਕੇਸ ਦੀ **ਸੁਣਵਾਈ ਅਣ-ਮਿੱਥੇ ਸਮੇਂ ਲਈ ਮੁਲਤਵੀ (Adjourned to sine-die)** ਕੀਤੀ ਜਾਂਦੀ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 13 ਅਗਸਤ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ: ਦਿਵਯਾ ਜੈਂਨ,
ਮਕਾਨ ਨੰ: 737, ਗਲੀ ਨੰ: 1 ਏ, ਬਲਾਕ ਡੀ,
ਗੁਰੂ ਨਾਨਕ ਕਲੋਨੀ, ਸੰਗਰੂਰ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਮੁੱਢਲਾ ਸਿਹਤ ਕੇਂਦਰ ਭਵਾਨੀਗੜ੍ਹ,
ਜਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸਿਵਲ ਸਰਜਨ,
ਜਿਲ੍ਹਾ ਪ੍ਰਸ਼ਾਸ਼ਨ ਕੰਪਲੈਕਸ ਬਲਾਕ ਨੰ:2, ਤੀਜੀ ਮੰਜ਼ਿਲ,
ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ:2114 ਆਫ 2017**

**ਹਾਜ਼ਰ:**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 27-05-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਈ ਸੀ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਉੱਤਰਦਾਤਾ ਵੱਲੋਂ ਵੀ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਸੀਨੀਅਰ ਮੈਡੀਕਲ ਅਫਸਰ, ਇੰਚਾਰਜ, ਪ੍ਰਾਇਮਰੀ ਸਿਹਤ ਕੇਂਦਰ, ਲੌਂਗੋਵਾਲ, ਜ਼ਿਲ੍ਹਾ ਸੰਗਰਰ, ਵੱਲੋਂ ਆਪਣੇ ਪੱਤਰ ਨੰ:19/631, ਮਿਤੀ 06-05-2019 ਰਾਹੀਂ ਡਾਕਟਰ ਅਖੀਲੇਸ਼ ਗਰੋਵਰ (ਤੀਜੀ ਧਿਰ) ਵੱਲੋਂ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਖੇ ਦਾਇਰ ਕੀਤੀ ਗਈ ਸਿਵਲ ਰਿੱਟ ਪਟੀਸ਼ਨ ਨੰ:25698 ਆਫ਼ 2017 ਵਿੱਚ ਪਾਸ ਕੀਤੇ ਗਏ ਹੁਕਮ, ਮਿਤੀ 27-02-2019 ਦੀ ਕਾਪੀ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਸੀ ਕਿ ਇਸ ਕੇਸ ਵਿੱਜ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਅਗਲੀ ਸੁਣਵਾਈ ਮਿਤੀ 30-07-2019 ਲਈ ਨਿਸਚਿਤ ਕੀਤੀ ਗਈ ਹੈ। ਇਸ ਲਈ ਇਹ ਮਾਮਲਾ ਸਬ-ਜੁਡਿਸ ਹੋਣ ਕਾਰਨ ਕਮਿਸ਼ਨ ਵੱਲੋਂ ਇਸ ਕੇਸ ਵਿੱਚ ਬਿਨਾਂ ਕੋਈ ਕਾਰਵਾਈ ਕੀਤਿਆਂ ਇਹ ਕੇਸ ਅਗਲੀ ਸੁਣਵਾਈ ਮਿਤੀ 13-08-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਦੋਵਾਂ ਧਿਰਾਂ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਇਸ ਕੇਸ ਵਿੱਚ ਸ਼ਾਮਿਲ ਡਾਕਟਰ ਅਖੀਲੇਸ਼ ਗਰੋਵਰ (ਤੀਜੀ ਧਿਰ) ਵੱਲੋਂ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਖੇ ਸਿਵਲ ਰਿੱਟ ਪਟੀਸ਼ਨ ਨੰ:25698 ਆਫ਼ 2017 ਦਾਇਰ ਕੀਤੀ ਹੋਈ ਹੈ ਜੋ ਕਿ ਅਜੇ ਫੈਸਲੇ ਲਈ ਲੰਬਿਤ ਹੈ ਅਤੇ ਉਸ ਦੇ ਅੰਤਿਮ ਫੈਸਲੇ ਲਈ ਕੋਈ ਸਮਾਂ-ਸੀਮਾ ਨਿਸਚਿਤ ਨਹੀਂ ਹੈ। ਇਸ ਲਈ ਇਹ ਮਾਮਲਾ ਸਬ-ਜੁਡਿਸ ਹੋਣ ਕਾਰਨ ਕਮਿਸ਼ਨ ਵੱਲੋਂ ਇਸ ਕੇਸ ਦੀ **ਸੁਣਵਾਈ ਅਣ-ਮਿੱਥੇ ਸਮੇਂ ਲਈ ਮੁਲਤਵੀ (Adjourned to sine-die)** ਕੀਤੀ ਜਾਂਦੀ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 13 ਅਗਸਤ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।